ਮਾਰੂ ਮਹਲਾ ੧ ਘਰੁ ੧ ॥ ਕਰਣੀ ਕਾਗਦੁ ਮਨੁ ਮਸਵਾਣੀ ਬੁਰਾ ਭਲਾ ਦੁਇ ਲੇਖ ਪਏ ॥ ਜਿਉ ਜਿਉ ਕਿਰਤੁ ਚਲਾਏ ਤਿਉ ਚਲੀਐ ਤਉ ਗੁਣ ਨਾਹੀ ਅੰਤੁ ਹਰੇ ॥੧॥ ਚਿਤ ਚੇਤਸਿ ਕੀ ਨਹੀ ਬਾਵਰਿਆ ॥ ਹਰਿ ਬਿਸਰਤ ਤੇਰੇ ਗੁਣ ਗਲਿਆ ॥੧॥ ਰਹਾਉ ॥ ਜਾਲੀ ਰੈਨਿ ਜਾਲੁ ਦਿਨੁ ਹੂਆ ਜੇਤੀ ਘੜੀ ਫਾਹੀ ਤੇਤੀ ॥ ਰਸਿ ਰਸਿ ਚੋਗ ਚੁਗਹਿ ਨਿਤ ਫਾਸਹਿ ਛੂਟਸਿ ਮੂੜੇ ਕਵਨ ਗੁਣੀ ॥੨॥ ਕਾਇਆ ਆਰਣੁ ਮਨੁ ਵਿਚਿ ਲੋਹਾ ਪੰਚ ਅਗਨਿ ਤਿਤੁ ਲਾਗਿ ਰਹੀ ॥ ਕੋਇਲੇ ਪਾਪ ਪੜੇ ਤਿਸੁ ਊਪਰਿ ਮਨੁ ਜਲਿਆ ਸੰਨ੍ਹ੍ਹੀ ਚਿੰਤ ਭਈ ॥ ੩॥ ਭਇਆ ਮਨੂਰੁ ਕੰਚਨੁ ਫਿਰਿ ਹੋਵੈ ਜੇ ਗੁਰੁ ਮਿਲੈ ਤਿਨੇਹਾ ॥ ਏਕੁ ਨਾਮੁ ਅੰਮ੍ਰਿਤੁ ਓਹੁ ਦੇਵੈ ਤਉ ਨਾਨਕ ਤ੍ਰਿਸਟਸਿ ਦੇਹਾ ॥੪॥੩॥ {ਪੰਨਾ 990}

ਪਦਅਰਥ:- ਕਰਣੀ—ਆਚਰਨ। ਕਾਗਦੁ—ਕਾਗ਼ਜ਼। ਮਸੁ—ਸਿਆਹੀ। ਮਸਵਾਣੀ—ਦਵਾਤ। ਪਏ—ਪੈ ਜਾਂਦੇ ਹਨ, ਲਿਖੇ ਜਾਂਦੇ ਹਨ। ਦੁਇ—ਦੋ ਕਿਸਮ ਦੇ। ਕਿਰਤੁ—ਕੀਤਾ ਹੋਇਆ ਕੰਮ, ਕੀਤੇ ਹੋਏ ਕਰਮਾਂ ਦੇ ਸੰਸਕਾਰਾਂ ਦਾ ਇਕੱਠ (ਜੋ ਸਾਡੇ ਸੁਭਾਵ ਦਾ ਰੂਪ ਧਾਰ ਲੈਂਦਾ ਹੈ)। ਤਉ ਗੁਣ ਅੰਤੁ—ਤੇਰੇ ਗੁਣਾਂ ਦਾ ਅੰਤ। ਹਰੇ—ਹੇ ਹਰੀ!।1।

ਚਿਤ—ਹੇ ਚਿੱਤ! ਚਿਤ ਬਾਵਰਿਆ—ਹੇ ਕਮਲੇ ਚਿੱਤ! ਬਿਸਰਤ—ਵਿਸਾਰਦਿਆਂ। ਗਲਿਆ—ਗਲ ਰਹੇ ਹਨ, ਘਟ ਰਹੇ ਹਨ।1। ਰਹਾਉ।

ਰੈਨਿ—ਰਾਤ। ਜੇਤੀ ਘੜੀ—ਜਿਤਨੀਆਂ ਭੀ ਘੜੀਆਂ ਹਨ ਉਮਰ ਦੀਆਂ। ਤੇਤੀ—ਉਹ ਸਾਰੀਆਂ। ਰਸਿ—ਰਸ ਨਾਲ, ਸੁਆਦ ਨਾਲ। ਚੁਗਹਿ—ਤੂੰ ਚੁਗਦਾ ਹੈਂ। ਫਾਸਹਿ—ਤੂੰ ਫਸਦਾ ਹੈਂ। ਮੂੜੇ—ਹੇ ਮੂਰਖ!।2।

ਆਰਣੁ—ਭੱਠੀ। ਵਿਚਿ—(ਇਸ ਕਾਇਆ) ਵਿਚ (ਨੋਟ:- ਲਫ਼ਜ਼ 'ਵਿਚਿ' ਦਾ ਸੰਬੰਧ ਲਫ਼ਜ਼ 'ਮਨੁ' ਦੇ ਨਾਲ ਨਹੀਂ ਹੈ; ਜੇ ਹੁੰਦਾ ਤਾਂ ਲਫ਼ਜ਼ 'ਮਨੁ' ਦਾ ਜੋੜ 'ਮਨ' ਹੋ ਜਾਂਦਾ)। ਪੰਚ ਅਗਨਿ—ਕਾਮਾਦਿਕ ਪੰਜ ਅੱਗਾਂ। ਤਿਤੁ—ਉਸ ਕਾਇਆ-ਭੱਠੀ ਵਿਚ। ਤਿਸੁ ਊਪਰਿ—ਉਸ ਭੱਠੀ ਉਤੇ। ਚਿੰਤ—ਚਿੰਤਾ।3।

ਮਨੂਰੁ—ਸੜਿਆ ਹੋਇਆ ਲੋਹਾ। ਕੰਚਨੁ—ਸੋਨਾ। ਤਿਨੇਹਾ—ਉਹੋ ਜਿਹਾ (ਜੋ ਮਨੂਰ ਤੋਂ ਕੰਚਨ ਕਰ ਸਕੇ)। ਅੰਮ੍ਰਿਤੁ—ਅਮਰ ਕਰਨ ਵਾਲਾ, ਆਤਮਕ ਜੀਵਨ ਦੇਣ ਵਾਲਾ। ਤ੍ਰਿਸਟਸਿ—ਟਿਕ ਜਾਂਦਾ ਹੈ। ਦੇਹਾ—ਸਰੀਰ।4।

ਅਰਥ:- ਹੇ ਹਰੀ! ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ (ਤੂੰ ਅਚਰਜ ਖੇਡ ਰਚੀ ਹੈ ਕਿ ਤੇਰੀ ਕੁਦਰਤਿ ਵਿਚ ਜੀਵਾਂ ਦਾ) ਆਚਰਨ, ਮਾਨੋ, ਕਾਗ਼ਜ਼ ਹੈ, ਮਨ ਦਵਾਤ ਹੈ (ਉਸ ਬਣ ਰਹੇ ਆਚਰਨ-ਕਾਗ਼ਜ਼ ਉਤੇ ਮਨ ਦੇ ਸੰਸਕਾਰਾਂ ਦੀ ਸਿਆਹੀ ਨਾਲ) ਚੰਗੇ ਮੰਦੇ (ਨਵੇਂ) ਲੇਖ ਲਿਖੇ ਜਾ ਰਹੇ ਹਨ (ਭਾਵ, ਮਨ ਵਿਚ ਹੁਣ ਤਕ ਦੇ ਇਕੱਠੇ ਹੋਏ ਸੰਸਕਾਰਾਂ ਦੀ ਪ੍ਰੇਰਨਾ ਨਾਲ ਜੀਵ ਜੇਹੜੇ ਨਵੇਂ ਚੰਗੇ ਮੰਦੇ ਕੰਮ ਕਰਦੇ ਹਨ, ਉਹ ਕੰਮ ਆਚਰਨ-ਰੂਪ ਕਾਗ਼ਜ਼ ਉਤੇ ਨਵੇਂ ਚੰਗੇ ਮੰਦੇ ਸੰਸਕਾਰ ਉੱਕਰਦੇ ਜਾਂਦੇ ਹਨ)। (ਇਸ ਤਰ੍ਹਾਂ) ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ-ਰੂਪ ਸੁਭਾਉ ਜਿਉਂ ਜਿਉਂ ਜੀਵਾਂ ਨੂੰ ਪ੍ਰੇਰਦਾ ਹੈ ਤਿਵੇਂ ਤਿਵੇਂ ਹੀ ਉਹ ਜੀਵਨ-ਰਾਹ ਤੇ ਤੁਰ ਸਕਦੇ ਹਨ।1।

ਹੇ ਕਮਲੇ ਮਨ! ਤੂੰ ਪਰਮਾਤਮਾ ਨੂੰ ਕਿਉਂ ਯਾਦ ਨਹੀਂ ਕਰਦਾ? ਜਿਉਂ ਜਿਉਂ ਤੂੰ ਪਰਮਾਤਮਾ ਨੂੰ ਵਿਸਾਰ ਰਿਹਾ ਹੈਂ, ਤਿਉਂ ਤਿਉਂ ਤੇਰੇ (ਅੰਦਰੋਂ) ਗੁਣ ਘਟਦੇ ਜਾ ਰਹੇ ਹਨ।1। ਰਹਾਉ।

(ਹੇ ਮਨ-ਪੰਛੀ! ਪਰਮਾਤਮਾ ਨੂੰ ਵਿਸਾਰਨ ਨਾਲ ਤੇਰੀ ਜ਼ਿੰਦਗੀ ਦਾ ਹਰੇਕ) ਦਿਨ ਤੇ ਹਰੇਕ ਰਾਤ (ਤੈਨੂੰ ਮਾਇਆ ਵਿਚ ਫਸਾਣ ਲਈ) ਜਾਲ ਦਾ ਕੰਮ ਦੇ ਰਿਹਾ ਹੈ, ਤੇਰੀ ਉਮਰ ਦੀਆਂ ਜਿਤਨੀਆਂ ਭੀ ਘੜੀਆਂ ਹਨ ਉਹ ਸਾਰੀਆਂ ਹੀ (ਤੈਨੂੰ ਫਸਾਣ ਹਿਤ) ਫਾਹੀ ਬਣਦੀਆਂ ਜਾ ਰਹੀਆਂ ਹਨ। ਤੂੰ ਬੜੇ ਸੁਆਦ ਲੈ ਲੈ ਕੇ ਵਿਕਾਰਾਂ ਦੀ ਚੋਗ ਚੁਗ ਰਿਹਾ ਹੈਂ ਤੇ ਵਿਕਾਰਾਂ ਵਿਚ ਹੋਰ ਹੋਰ ਸਦਾ ਫਸਦਾ ਜਾ ਰਿਹਾ ਹੈਂ, ਹੇ ਮੂਰਖ ਮਨ! ਇਹਨਾਂ ਵਿਚੋਂ ਕੇਹੜੇ ਗੁਣਾਂ ਦੀ ਮਦਦ ਨਾਲ ਖ਼ਲਾਸੀ ਹਾਸਲ ਕਰੇਂਗਾ?।2।

ਮਨੁੱਖ ਦਾ ਸਰੀਰ, ਮਾਨੋ, (ਲੋਹਾਰ ਦੀ) ਭੱਠੀ ਹੈ, ਉਸ ਭੱਠੀ ਵਿਚ ਮਨ, ਮਾਨੋ, ਲੋਹਾ ਹੈ ਤੇ ਉਸ ਉਤੇ ਕਾਮਾਦਿਕ ਪੰਜ ਅੱਗਾਂ ਬਲ ਰਹੀਆਂ ਹਨ, (ਕਾਮਾਦਿਕ ਦੀ ਤਪਸ਼ ਨੂੰ ਤੇਜ਼ ਕਰਨ ਲਈ) ਉਸ ਉਤੇ ਪਾਪਾਂ ਦੇ (ਭਖਦੇ) ਕੋਲੇ ਪਏ ਹੋਏ ਹਨ, ਮਨ (ਇਸ ਅੱਗ ਵਿਚ) ਸੜ ਰਿਹਾ ਹੈ, ਚਿੰਤਾ ਦੀ ਸੰਨ੍ਹੀ ਹੈ (ਜੋ ਇਸ ਨੂੰ ਚੋਭਾਂ ਦੇ ਦੇ ਕੇ ਹਰ ਪਾਸੇ ਵਲੋਂ ਸਾੜਨ ਵਿਚ ਮਦਦ ਦੇ ਰਹੀ ਹੈ)।3।

ਪਰ ਹੇ ਨਾਨਕ! ਜੇ ਸਮਰੱਥ ਗੁਰੂ ਮਿਲ ਪਏ ਤਾਂ ਉਹ ਸੜ ਕੇ ਨਿਕੰਮਾ ਲੋਹਾ ਹੋ ਚੁਕੇ ਮਨ ਨੂੰ ਭੀ ਸੋਨਾ ਬਣਾ ਦੇਂਦਾ ਹੈ। ਉਹ ਆਤਮਕ ਜੀਵਨ ਦੇਣ ਵਾਲਾ ਪਰਮਾਤਮਾ ਦਾ ਨਾਮ ਦੇਂਦਾ ਹੈ ਜਿਸ ਦੀ ਬਰਕਤਿ ਨਾਲ ਸਰੀਰ ਟਿਕ ਜਾਂਦਾ ਹੈ (ਭਾਵ, ਇੰਦ੍ਰੇ ਵਿਕਾਰਾਂ ਵਲੋਂ ਹਟ ਜਾਂਦੇ ਹਨ)।4।3।